**ਪ੍ਰਧਾਨ ਮੰਤਰੀ ਦੀ ਸਾਇਪ੍ਰਸ ਗਣਰਾਜ, ਕੈਨੇਡਾ ਅਤੇ ਕ੍ਰੋਏਸ਼ੀਆ ਦੀ ਯਾਤਰਾ (15-19 ਜੂਨ, 2025)**

14 ਜੂਨ 2025

ਸਾਇਪ੍ਰਸ ਗਣਰਾਜ ਦੇ ਰਾਸ਼ਟਰਪਤੀ, ਮਹਾਮਹਿਮ ਸ਼੍ਰੀ ਨਿਕੋਸ ਕ੍ਰਿਸਟੋਡੌਲਿਡੇਸ ਦੇ ਸੱਦੇ 'ਤੇ, ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ 15-16 ਜੂਨ, 2025 ਦੌਰਾਨ ਸਾਇਪ੍ਰਸ ਦੀ ਸਰਕਾਰੀ ਯਾਤਰਾ ਕਰਨਗੇ। ਇਹ ਦੋ ਦਹਾਕਿਆਂ ਤੋਂ ਵੱਧ ਸਮੇਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਸਾਇਪ੍ਰਸ ਦੀ ਪਹਿਲੀ ਯਾਤਰਾ ਹੋਵੇਗੀ। ਨਿਕੋਸੀਆ ਵਿੱਚ, ਪ੍ਰਧਾਨ ਮੰਤਰੀ ਰਾਸ਼ਟਰਪਤੀ ਕ੍ਰਿਸਟੋਡੌਲਿਡੇਸ ਦੇ ਨਾਲ ਵਾਰਤਾ ਕਰਨਗੇ ਅਤੇ ਲਿਮਾਸੋਲ ਵਿੱਚ ਕਾਰੋਬਾਰੀ ਲੀਡਰਾਂ ਨੂੰ ਸੰਬੋਧਨ ਕਰਨਗੇ। ਇਹ ਯਾਤਰਾ ਦੁਵੱਲੇ ਸਬੰਧਾਂ ਨੂੰ ਗਹਿਰਾ ਕਰਨ ਅਤੇ ਭੂਮੱਧਸਾਗਰੀ ਖੇਤਰ ਅਤੇ ਯੂਰੋਪੀਅਨ ਯੂਨੀਅਨ ਦੇ ਨਾਲ ਭਾਰਤ ਦੀ ਭਾਗੀਦਾਰੀ ਨੂੰ ਮਜ਼ਬੂਤ ਕਰਨ ਦੇ ਲਈ ਦੋਹਾਂ ਦੇਸ਼ਾਂ ਦੀ ਸਾਂਝੀ ਪ੍ਰਤੀਬੱਧਤਾ ਦੀ ਪੁਸ਼ਟੀ ਕਰੇਗੀ।

2. ਯਾਤਰਾ ਦੇ ਦੂਸਰੇ ਪੜਾਅ ਵਿੱਚ, ਕੈਨੇਡਾ ਦੇ ਪ੍ਰਧਾਨ ਮੰਤਰੀ ਮਹਾਮਹਿਮ ਸ਼੍ਰੀ ਮਾਰਕ ਕਾਰਨੀ ਦੇ ਸੱਦੇ 'ਤੇ, ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ 16-17 ਜੂਨ ਦੇ ਦੌਰਾਨ G-7 ਸਮਿਟ ਵਿੱਚ ਹਿੱਸਾ ਲੈਣ ਦੇ ਲਈ ਕੈਨੇਡਾ ਦੇ ਕਨਾਨਾਸਕਿਸ ਦੀ ਯਾਤਰਾ ਕਰਨਗੇ। ਇਹ G-7 ਸਮਿਟ ਵਿੱਚ ਪ੍ਰਧਾਨ ਮੰਤਰੀ's ਦੀ ਲਗਾਤਾਰ 6ਵੀਂ ਭਾਗੀਦਾਰੀ ਹੋਵੇਗੀ। ਸਮਿਟ ਵਿੱਚ ਪ੍ਰਧਾਨ ਮੰਤਰੀ G-7 ਦੇਸ਼ਾਂ ਦੇ ਨੇਤਾਵਾਂ, ਹੋਰ ਸੱਦੇ ਆਊਟਰੀਚ ਦੇਸ਼ਾਂ ਅਤੇ ਅੰਤਰਰਾਸ਼ਟਰੀ ਸੰਗਠਨਾਂ ਦੇ ਪ੍ਰਮੁੱਖਾਂ ਦੇ ਨਾਲ ਊਰਜਾ ਸੁਰੱਖਿਆ, ਟੈਕਨੋਲੋਜੀ ਅਤੇ ਇਨੋਵੇਸ਼ਨ, ਵਿਸ਼ੇਸ਼ ਤੌਰ 'ਤੇ AI-ਊਰਜਾ ਗਠਜੋੜ ਅਤੇ ਕੁਆਂਟਮ ਨਾਲ ਸਬੰਧਿਤ ਮੁੱਦਿਆਂ ਸਹਿਤ ਮਹੱਤਵਪੂਰਨ ਆਲਮੀ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨਗੇ। ਪ੍ਰਧਾਨ ਮੰਤਰੀ ਸਮਿਟ ਦੇ ਦੌਰਾਨ ਕਈ ਦੁਵੱਲੀਆਂ ਬੈਠਕਾਂ ਵੀ ਕਰਨਗੇ।

3. ਇਸ ਦੌਰੇ ਦੇ ਅੰਤਿਮ ਪੜਾਅ ਵਿੱਚ, ਕ੍ਰੋਏਸ਼ੀਆ ਗਣਰਾਜ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀ ਆਂਦ੍ਰੇਜ ਪਲੈਂਕੋਵਿਚ ਦੇ ਸੱਦੇ 'ਤੇ, ਪ੍ਰਧਾਨ ਮੰਤਰੀ 18 ਜੂਨ 2025 ਨੂੰ ਕ੍ਰੋਏਸ਼ੀਆ ਦੀ ਸਰਕਾਰੀ ਯਾਤਰਾ ਕਰਨਗੇ। ਇਹ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਕ੍ਰੋਏਸ਼ੀਆ ਦੀ ਪਹਿਲੀ ਯਾਤਰਾ ਹੋਵੇਗੀ, ਜੋ ਦੁਵੱਲੇ ਸਬੰਧਾਂ ਵਿੱਚ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗੀ। ਪ੍ਰਧਾਨ ਮੰਤਰੀ ਪਲੈਂਕੋਵਿਚ ਦੇ ਨਾਲ ਪ੍ਰਧਾਨ ਮੰਤਰੀ ਦੁਵੱਲੀ ਚਰਚਾ ਕਰਨਗੇ ਅਤੇ ਕ੍ਰੋਏਸ਼ੀਆ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਜ਼ੋਰਾਨ ਮਿਲਨੋਵਿਚ ਨੂੰ ਮਿਲਣਗੇ। ਕ੍ਰੋਏਸ਼ੀਆ ਦੀ ਇਹ ਯਾਤਰਾ ਯੂਰੋਪੀਅਨ ਯੂਨੀਅਨ ਵਿੱਚ ਭਾਗੀਦਾਰਾਂ ਦੇ ਨਾਲ ਸਬੰਧ ਨੂੰ ਹੋਰ ਮਜ਼ਬੂਤ ਕਰਨ ਦੀ ਭਾਰਤ ਦੀ ਪ੍ਰਤੀਬੱਧਤਾ ਨੂੰ ਵੀ ਰੇਖਾਂਕਿਤ ਕਰੇਗੀ।

ਨਵੀਂ ਦਿੱਲੀ

14 ਜੂਨ 2025